ਜਗ ਬਾਣੀ

SUNDAY • 27.10.2019

# ਬੇਲਾ ਕਾਲਜ ਨੇ 'ਵਰਲਡ ਫੂਡ ਦਿਵਸ' ਮਨਾਇਆ



ਕੁਇੱਜ਼ ਮੁਕਾਬਲੇ ਦੇ ਜੇਤੂ ਵਿਦਿਆਰਥੀਆਂ ਨਾਲ ਪ੍ਰਿੰਸੀਪਲ ਸੁਰਮੁੱਖ ਸਿੰਘ, ਵਿਭਾਗ ਦੇ ਮੁਖੀ ਡਾ. ਮਮਤਾ ਅਰੋੜਾ ਅਤੇ ਹੋਰ। (ਕੌਸ਼ਲ)

ਸ੍ਰੀ ਚਮਕੌਰ ਸਾਹਿਬ, 26 ਅਕਤੂਬਰ (ਕੌਸ਼ਲ)-ਅਮਰ ਸ਼ਹੀਦ ਬਾਬਾ ਅਜੀਤ ਸਿੰਘ ਜੁਝਾਰ ਸਿੰਘ ਮੈਮੋਰੀਅਲ ਕਾਲਜ ਬੇਲਾ ਵਿਖੇ ਵਰਲਡ ਫੂਡ ਦਿਵਸ ਮਨਾਇਆ ਗਿਆ। ਭਾਰਤ ਵਿਚ ਵਧਦੀ ਜਾ ਰਹੀ ਭੁੱਖਮਰੀ ਨੂੰ ਮੱਦੇਨਜ਼ਰ ਰੱਖਦੇ ਹੋਏ ਬੇਲਾ ਕਾਲਜ ਨੇ ਇਹ ਉਪਰਾਲਾ ਕੀਤਾ, ਜਿਸ ਵਿਚ ਕਾਲਜ ਦੇ ਪ੍ਰਿੰਸੀਪਲ ਸੁਰਮੁੱਖ ਸਿੰਘ ਨੇ ਦੱਸਿਆ ਕਿ ਕਾਲਜ ਦੇ ਬਾਇਓਟੈਕਨਾਲੋਜੀ ਅਤੇ ਫੂਡ ਪ੍ਰੋਸੈਸਿੰਗ ਡਿਪਾਰਟਮੈਂਟ ਨੇ ਵਿਦਿਆਰਥੀਆਂ ਨੂੰ ਭੋਜਨ ਦੀ ਬੱਚਤ ਕਰਨ ਸਬੰਧੀ ਜਾਗਰੂਕ ਕਰਨ ਲਈ ਪੇਪਰ ਰਾਈਟਿੰਗ ਅਤੇ ਕੁਇੱਜ਼ ਮੁਕਾਬਲੇ ਕਰਵਾਏ ਜਿਸ ਵਿਚ ਬੀ. ਵਾਕ ਫੂਡ ਪ੍ਰੋਸੈਸਿੰਗ ਵਿਭਾਗ ਦੇ ਵਿਦਿਆਰਥੀਆਂ ਸਤਵਿੰਦਰ ਕੌਰ, ਜਸ਼ਨਪ੍ਰੀਤ ਕੌਰ, ਮਨਪ੍ਰੀਤ ਕੌਰ, ਕਿਰਨਜੀਤ ਕੌਰ, ਜਸਪ੍ਰੀਤ ਕੌਰ, ਅਮਨਦੀਪ ਕੌਰ ਅਤੇ ਬਾਇਓਟੈਕਨਾਲੋਜੀ ਵਿਭਾਗ ਦੇ ਵਿਦਿਆਰਥੀ ਹਰਲੀਤ ਕੌਰ, ਯਸ਼ਮੀ ਵਰਮਾ, ਹਰਪ੍ਰੀਤ ਕੌਰ, ਸੁਖਪ੍ਰੀਤ ਕੌਰ, ਅਨਰੂਪ ਕੌਰ, ਪ੍ਰਭਜੋਤ ਕੌਰ, ਮਨਪ੍ਰੀਤ ਕੌਰ, ਨਵਨੀਤ ਕੌਰ, ਇੰਦਰਜੀਤ ਕੌਰ, ਰਿੰਪੀ, ਅਲਕਾ ਮਨੀ ਅਤੇ ਹਰਮਨਪ੍ਰੀਤ ਕੌਰ ਸੈਣੀ ਨੇ ਇਨਾਮ ਹਾਸਲ ਕੀਤੇ। ਵਿਦਿਆਰਥੀਆਂ ਨੂੰ ਇਸ ਨੇਕ ਕੰਮ ਲਈ ਪ੍ਰੇਰਿਤ ਕਰਨ ਲਈ ਪ੍ਰਿੰਸੀਪਲ ਸਾਹਿਬ ਨੇ ਭੋਜਨ ਬਚਾਉਣ ਲਈ ਬਾਇਓਟੈਕਨਾਲੋਜੀ ਅਤੇ ਫੂਡ ਪ੍ਰੋਸੈਸਿੰਗ ਦੇ ਲਗਭਗ 150 ਵਿਦਿਆਰਥੀਆਂ ਨੂੰ ਸਹੁੰ ਚੁਕਾਈ। ਇਸ ਸਮੇਂ ਬਾਇਓਟੈਕਨਾਲੋਜੀ ਅਤੇ ਫੂਡ ਪ੍ਰੋਸੈਸਿੰਗ ਵਿਭਾਗ ਦੇ ਮੁਖੀ ਡਾ. ਮਮਤਾ ਅਰੋੜਾ, ਡਾ. ਪਰਵਿੰਦਰ ਕੌਰ, ਪ੍ਰੋ. ਮਨਪ੍ਰੀਤ ਕੌਰ, ਪ੍ਰੋ. ਨਵਗੀਤ, ਪ੍ਰੋ. ਪਰਨੀਤ ਕੌਰ, ਪ੍ਰੋ. ਨਵਜੋਤ ਭਾਰਤੀ ਅਤੇ ਵਿਦਿਆਰਥੀ ਮੌਜੂਦ ਸਨ।